# ਆਕਾਸ਼ਵਾਣੀ ਜਲੰਧਰ

# ਪ੍ਰਦੇਸ਼ਿਕ ਖਬਰਾਂ ਪੰਜਾਬੀ

## 18:20

**ਮਿਤੀ :21-07-2026**

***ਪਹਿਲਾ ਬੁਲੇਟਿਨ ਦੀਆਂ ਖਾਸ ਖਬਰਾਂ***

- ਸੰਸਦ ਦੇ ਦੋਵਾਂ ਸਦਨਾਂ ਦੀ ਕਾਰਵਾਈ NEET ਪੇਪਰ ਲੀਕ ਮਾਮਲੇ ਸਮੇਤ ਕਈ ਮੁੱਦਿਆਂ 'ਤੇ, ਵਿਰੋਧੀ ਧਿਰ ਵੱਲੋਂ ਹੰਗਾਮੇ ਕਾਰਨ ਕੱਲ ਤੱਕ ਲਈ ਮੁਲਤਵੀ ਕੀਤੀ ਗਈ।

- ਪੰਜਾਬ ਵਿਧਾਨ ਸਭਾ ਦਾ ਮਾਨਸੂਨ ਇਜਲਾਸ ਆਉਂਦੀ 3 ਅਗਸਤ ਨੂੰ ਸ਼ੁਰੂ ਹੋਵੇਗਾ।

- ਪੰਜਾਬ ਪੁਲਿਸ ਨੇ ਪੁਲਿਸ ਸਟੇਸ਼ਨ ਸਦਰ ਮੋਗਾ ਵਿਖੇ ਹੋਏ ਗ੍ਰਨੇਡ ਹਮਲੇ ਵਿੱਚ ਸ਼ਾਮਲ, ਤਿੰਨ ਔਰਤਾਂ ਸਮੇਤ 17 ਮੁਲਜ਼ਮਾਂ ਨੂੰ, ਇੱਕ IED, ਵਿਸਫੋਟਕ ਸਮੱਗਰੀ, ਇਲੈਕਟ੍ਰਾਨਿਕ ਡੈਟੋਨੇਟਰ ਤੇ ਅਸਲੇ ਸਮੇਤ ਕਾਬੂ ਕੀਤਾ।

- ਜਲ ਸਰੋਤ ਮੰਤਰੀ ਬਰਿੰਦਰ ਕੁਮਾਰ ਗੋਇਲ ਨੇ ਸਮਰਾਲਾ ਦੇ ਪਿੰਡ ਪੂਨੀਆ ਵਿਖੇ ਇਕ ਕਰੋੜ 10 ਲੱਖ ਰੁਪਏ ਦੀ ਲਾਗਤ ਨਾਲ ਤਿਆਰ ਕੀਤੀ ਗਈ ਲਿਫਟ ਸਿੰਚਾਈ ਯੋਜਨਾ ਦਾ ਉਦਘਾਟਨ ਕੀਤਾ।

- ਪੰਜਾਬ ਦੇ ਸਮਾਜਿਕ ਨਿਆਂ,ਅਧਿਕਾਰਤਾ ਅਤੇ ਘੱਟ ਗਿਣਤੀ ਵਿਭਾਗ ਵਲੋਂ ਐਸ.ਸੀ. ਵਿਦਿਆਰਥੀਆਂ ਨੂੰ ਪੋਸਟ-ਮੈਟ੍ਰਿਕ ਸਕਾਲਰਸ਼ਿਪ ਦੀ ਬਕਾਇਆ ਰਾਸ਼ੀ ਪ੍ਰਾਪਤ ਕਰਨ ਲਈ, 15 ਅਗਸਤ ਤੱਕ ਚਾਲੂ ਬੈਂਕ ਖਾਤਿਆਂ ਨੂੰ ਆਧਾਰ ਨਾਲ ਜੋੜਨ ਦੀ ਅਪੀਲ।

- ਮੌਸਮ ਵਿਭਾਗ ਨੇ ਅੱਜ ਪੰਜਾਬ, ਹਰਿਆਣਾ ਤੇ ਚੰਡੀਗੜ੍ਹ ਵਿੱਚ ਦਰਮਿਆਨੀ ਤੋਂ ਭਾਰੀ ਬਾਰਿਸ਼ ਹੋਣ ਦੀ ਸੰਭਾਵਨਾ ਜਤਾਈ - ਗੁਰਦਾਸਪੁਰ ਵਿੱਚ ਲਗਾਤਾਰ ਮੀਹਂ ਕਾਰਨ ਰਾਵੀ ਦਰਿਆ ਵਿੱਚ ਪਾਣੀ ਦਾ ਪੱਧਰ ਵਧਿਆ, ਮਕੌੜਾ ਪੱਤਣ ’ਤੇ ਕਿਸ਼ਤੀ ਸੇਵਾ ਬੰਦ ਹੋਈ-6 ਤੋਂ ਵੱਧ ਪਿੰਡਾਂ ਦਾ ਸੰਪਰਕ ਟੁੱਟਿਆ।

***ਹੁਣ ਖਬਰਾਂ ਵਿਸਥਾਰ ਨਾਲ***

ਸੰਸਦ ਦੇ ਦੋਵਾਂ ਸਦਨਾਂ ਦੀ ਕਾਰਵਾਈ NEET ਪੇਪਰ ਲੀਕ ਮਾਮਲੇ ਸਮੇਤ ਕਈ ਮੁੱਦਿਆਂ 'ਤੇ ਵਿਰੋਧੀ ਧਿਰ ਵੱਲੋਂ ਹੰਗਾਮੇ ਕਾਰਨ ਦਿਨ ਭਰ ਲਈ ਮੁਲਤਵੀ ਕਰ ਦਿੱਤੀ ਗਈ। ਦੁਪਹਿਰ 2 ਵਜੇ ਤੋਂ ਬਾਅਦ ਦੋਵੇਂ ਸਦਨਾਂ ਦੀ ਕਾਰਵਾਈ ਮੁੜ ਤੋਂ ਸ਼ੁਰੂ ਹੋਣ ਮਗਰੋਂ  ਵਿਰੋਧੀ ਧਿਰ ਦੇ ਮੈਂਬਰਾਂ ਵੱਲੋਂ ਹੰਗਾਮਾ ਜਾਰੀ ਰਿਹਾ। ਹੰਗਾਮੇ ਕਾਰਨ, ਦੋਵੇਂ  ਸਦਨਾਂ ਦੀ ਕਾਰਵਾਈ ਕੱਲ੍ਹ ਤੱਕ ਮੁਲਤਵੀ ਕਰ ਦਿੱਤਾ ਗਿਆ। ਇਸ ਤੋਂ ਪਹਿਲਾਂ, ਜਦੋਂ ਲੋਕ ਸਭਾ ਨੇ ਪਹਿਲੀ ਮੁਲਤਵੀ ਤੋਂ ਬਾਅਦ ਦੁਪਹਿਰ 12 ਵਜੇ ਆਪਣੀ ਕਾਰਵਾਈ ਦੁਬਾਰਾ ਸ਼ੁਰੂ ਕੀਤੀ, ਤਾਂ ਹੰਗਾਮੇ ਦੇ ਵਿਚਕਾਰ ਵੱਖ-ਵੱਖ ਸੰਸਦੀ ਕਮੇਟੀਆਂ ਦੀਆਂ ਚੋਣਾਂ ਲਈ ਮਤੇ ਪੇਸ਼ ਕੀਤੇ ਗਏ। ਪ੍ਰੀਜ਼ਾਈਡਿੰਗ ਅਫਸਰ ਸੰਧਿਆ ਰਾਏ ਨੇ ਮੈਂਬਰਾਂ ਨੂੰ ਆਪਣੀਆਂ ਸੀਟਾਂ 'ਤੇ ਵਾਪਸ ਜਾਣ ਅਤੇ ਸਦਨ ਨੂੰ ਸੁਚਾਰੂ ਢੰਗ ਨਾਲ ਕੰਮ ਕਰਨ ਦੇਣ ਦੀ ਅਪੀਲ ਕੀਤੀ। ਉਨ੍ਹਾਂ ਕਿਹਾ ਕਿ ਸਿਫ਼ਰ ਕਾਲ  ਮੈਂਬਰਾਂ ਦਾ ਏ ਅਤੇ ਪੂਰਾ ਦੇਸ਼ ਕਾਰਵਾਈ ਦੇਖ ਰਿਹਾ ਏ । ਉਨ੍ਹਾਂ ਦੀ ਅਪੀਲ ਦੇ ਬਾਵਜੂਦ, ਵਿਰੋਧੀ ਧਿਰ ਦੇ ਮੈਂਬਰਾਂ ਨੇ ਸਦਨ ਦੇ ਕੇਂਦਰ ਵਿੱਚ ਹੰਗਾਮਾ ਕੀਤਾ, NEET ਅਤੇ ਵਿਦਿਆਰਥੀਆਂ ਦੇ ਵਿਰੋਧ ਪ੍ਰਦਰਸ਼ਨਾਂ ਖਿਲਾਫ ਨਾਅਰੇਬਾਜ਼ੀ ਕੀਤੀ, ਤਖ਼ਤੀਆਂ ਫੜੀਆਂ ਹੋਈਆਂ ਸਨ। ਹੰਗਾਮੇ ਨੂੰ ਦੇਖਦੇ ਹੋਏ, ਲੋਕ ਸਭਾ ਦੀ ਕਾਰਵਾਈ  ਮੁਲਤਵੀ ਕਰ ਦਿੱਤੀ ਗਈ।

-----------------------------------------------

ਪੰਜਾਬ ਵਿਧਾਨ ਸਭਾ ਦਾ ਮਾਨਸੂਨ ਇਜਲਾਸ ਆਉਂਦੀ 3 ਅਗਸਤ ਨੂੰ ਸ਼ੁਰੂ ਹੋਵੇਗਾ। ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਅੱਜ ਚੰਡੀਗੜ੍ਹ ਵਿਖੇ ਇਕ ਪ੍ਰੈੱਸ ਕਾਨਫਰੰਸ ਨੂੰ ਸੰਬੋਧਨ ਕਰਦੇ  ਦਸਿਆ ਕਿ ਪੰਜਾਬ ਮੰਤਰੀ ਮੰਡਲ ਦੀ ਮੀਟਿੰਗ ਦੌਰਾਨ ਇਹ ਫੈਸਲਾ ਲਿਆ ਗਿਆ ਏ ।

BYTE

ਸੂਬੇ ਵਿਚ ਨਵੇਂ ਬਣ ਰਹੇ 10 ਲੱਖ ਰਾਸ਼ਨ ਕਾਰਡਾਂ ਬਾਰੇ ਵੇਰਵੇ ਸਾਂਝੇ ਕਰਦਿਆਂ ਮੁੱਖ ਮੰਤਰੀ ਨੇ ਦਸਿਆ।

BYTE

-----------------------------------------------

ਮੋਗਾ ਪੁਲਿਸ ਨੇ ਬੀਤੀ 8 ਜੁਲਾਈ ਦੀ ਸਵੇਰ ਨੂੰ ਪੁਲਿਸ ਸਟੇਸ਼ਨ ਸਦਰ ਮੋਗਾ ਵਿਖੇ ਹੋਏ ਘੱਟ ਤੀਬਰਤਾ ਵਾਲੇ ਗ੍ਰਨੇਡ ਹਮਲੇ ਵਿੱਚ ਸ਼ਾਮਲ ਤਿੰਨ ਔਰਤਾਂ ਸਮੇਤ 17 ਮੁਲਜ਼ਮਾਂ ਨੂੰ ਗ੍ਰਿਫ਼ਤਾਰ ਕਰਕੇ ਇੱਕ ਸੰਭਾਵੀ ਦਹਿਸ਼ਤਗਰਦੀ ਸਾਜ਼ਿਸ਼ ਨੂੰ ਨਾਕਾਮ ਕਰ ਦਿੱਤਾ ਏ । ਗ੍ਰਿਫ਼ਤਾਰ ਕੀਤੇ ਗਏ ਵਿਅਕਤੀਆਂ ਵਿੱਚ ਹਮਲੇ ਦੇ ਤਿੰਨ ਮੁੱਖ ਸਾਜ਼ਿਸ਼ਕਰਤਾ ਸ਼ਾਮਲ ਨੇ । ਉਨ੍ਹਾਂ ਦੇ ਕਬਜ਼ੇ ਵਿੱਚੋਂ ਇੱਕ ਆਈ.ਈ.ਡੀ  ਦੇ ਨਾਲ-ਨਾਲ ਵਿਸਫੋਟਕ ਸਮੱਗਰੀ, ਇਲੈਕਟ੍ਰਾਨਿਕ ਡੈਟੋਨੇਟਰ ,ਇੱਕ  ਪਿਸਤੌਲ ਤੇ ਇੱਕ

ਮੈਗਜ਼ੀਨ ਵੀ ਬਰਾਮਦ ਕੀਤਾ ਗਿਆ ਏ। ਹਮਲੇ ਨੂੰ ਅੰਜਾਮ ਦੇਣ ਲਈ ਵਰਤਿਆ ਗਿਆ ਦੋਪਹੀਆ ਵਾਹਨ ਵੀ ਬਰਾਮਦ ਕੀਤਾ ਗਿਆ ਏ। ਪੰਜਾਬ ਪੁਲਿਸ ਮੁਖੀ ਗੌਰਵ ਯਾਦਵ ਨੇ ਦਸਿਆ ਕਿ ਗ੍ਰਨੇਡ ਹਮਲੇ ਨੂੰ ਅੰਜਾਮ ਦੇਣ ਵਾਲੇ ਤਿੰਨ ਮੁੱਖ ਸਾਜ਼ਿਸ਼ਕਰਤਾਵਾਂ - ਗਗਨ ਕਾਲੀ, ਰਾਜੇਸ਼ ਖੰਨਾ ਅਤੇ ਸ਼ੁਭਮ ਭਿੰਡਰ ਸਮੇਤ ਸਾਰੇ ਮੁਲਜ਼ਮਾਂ ਦੀ ਪਛਾਣ ਕਰ ਲਈ ਗਈ ਏ। ਉਨ੍ਹਾਂ ਵਿੱਚੋਂ 14 ਫਿਰੋਜ਼ਪੁਰ ਦੇ ਅਤੇ ਤਿੰਨ ਮੋਗਾ ਦੇ ਰਹਿਣ ਵਾਲੇ ਨੇ। ਮੁੱਢਲੀ ਜਾਂਚ ਤੋਂ ਪਤਾ ਲੱਗਾ ਏ ਕਿ ਸਾਜ਼ਿਸ਼ ਦਾ ਮਾਸਟਰਮਾਈਂਡ ਇਕਬਾਲ ਸਿੰਘ ਉਰਫ਼ ਰਵੀ ਧਾਲੀਵਾਲ, ਜੋ ਇਸ ਸਮੇਂ ਇੰਗਲੈਂਡ ਵਿੱਚ ਰਹਿ ਰਿਹਾ ਏ ਅਤੇ ਕਥਿਤ ਤੌਰ 'ਤੇ ਅਪਰਾਧਿਕ ਗਤੀਵਿਧੀਆਂ ਵਿੱਚ ਸ਼ਾਮਲ ਏ। ਇਸਦੇ ਨਿਰਦੇਸ਼ਾਂ 'ਤੇ, ਮੁਲਜ਼ਮਾਂ ਨੇ ਪੁਲਿਸ ਸਟੇਸ਼ਨ ਸਦਰ ਮੋਗਾ 'ਤੇ ਗ੍ਰਨੇਡ ਹਮਲਾ ਕੀਤਾ ਅਤੇ ਫਿਰੋਜ਼ਪੁਰ ਤੋਂ ਜੰਮੂ ਜਾ ਰਹੀ ਰੇਲਗੱਡੀ ਵਿੱਚ ਆਈ.ਈ.ਡੀ ਲਗਾਉਣ ਦੀ ਯੋਜਨਾ ਬਣਾ ਰਹੇ ਸਨ। ਅਗਲੇਰੀ ਜਾਂਚ ਜਾਰੀ ਏ।

----------------------------------------------------

ਅੰਮ੍ਰਿਤਸਰ ਦਿਹਾਤੀ ਪੁਲਿਸ ਨੇ ਨਸ਼ਾ ਤਸਕਰਾਂ, ਗੈਂਗਸਟਰਾਂ ਅਤੇ ਸਰਹੱਦ ਪਾਰ ਤੋਂ ਚੱਲ ਰਹੇ ਗੈਰ-ਕਾਨੂੰਨੀ ਨੈੱਟਵਰਕਾਂ ਖ਼ਿਲਾਫ਼ 'ਆਪਰੇਸ਼ਨ ਪ੍ਰਹਾਰ' ਤਹਿਤ ਜ਼ਿਲ੍ਹੇ ਵਿੱਚ ਇੱਕੋ ਸਮੇਂ ਛਾਪੇਮਾਰੀ ਕਰਕੇ

ਹੁਣ ਤੱਕ ਕਰੀਬ 40 ਨਸ਼ਾ ਤਸਕਰਾਂ ਨੂੰ ਗ੍ਰਿਫ਼ਤਾਰ ਕੀਤਾ ਏ । ਅੰਮ੍ਰਿਤਸਰ ਬਾਰਡਰ ਰੇਂਜ ਦੇ ਡੀ.ਆਈ.ਜੀ ਹਰਮਨ-ਬੀਰ ਸਿੰਘ ਗਿੱਲ ਨੇ ਇਸ ਬਾਰੇ ਦੱਸਿਆ ।

BYTE

ਹੋਰ ਤਸਕਰਾਂ ਨੂੰ ਕਾਬੂ ਕਰਕੇ ਉਨ੍ਹਾਂ ਤੋਂ ਪੁੱਛਗਿੱਛ ਕੀਤੀ ਜਾ ਰਹੀ ਏ ਅਤੇ ਨਸ਼ਾ ਤਸਕਰੀ ਨਾਲ ਜੁੜੇ ਹੋਰ ਨੈੱਟਵਰਕਾਂ ਦੀ ਵੀ ਜਾਂਚ ਕੀਤੀ ਜਾ ਰਹੀ ਏ।

---------------------------------------------------------------------

ਪੰਜਾਬ ਸਰਕਾਰ ਵੱਲੋਂ ਕਿਸਾਨਾਂ ਦੀ ਭਲਾਈ ਅਤੇ ਖੇਤੀਬਾੜੀ ਨੂੰ ਹੋਰ ਮਜ਼ਬੂਤ ਬਣਾਉਣ ਦੇ ਉਦੇਸ਼ ਨਾਲ ਜਲ ਸਰੋਤ ਮੰਤਰੀ ਬਰਿੰਦਰ ਕੁਮਾਰ ਗੋਇਲ ਨੇ ਹਲਕਾ ਸਮਰਾਲਾ ਦੇ ਪਿੰਡ ਪੂਨੀਆ ਵਿਖੇ ਇਕ ਕਰੋੜ 10 ਲਖ ਰੁਪਏ ਦੀ ਲਾਗਤ ਨਾਲ ਤਿਆਰ ਕੀਤੀ ਗਈ ਲਿਫਟ ਸਿੰਚਾਈ ਯੋਜਨਾ ਦਾ ਉਦਘਾਟਨ ਕੀਤਾ। ਇਸ ਮੌਕੇ ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਸੂਬੇ ਦੇ ਹਰ ਕਿਸਾਨ ਦੇ ਖੇਤ ਤੱਕ ਨਹਿਰੀ ਪਾਣੀ ਦੀ ਪਹੁੰਚ ਯਕੀਨੀ ਬਣਾਉਣ ਲਈ ਵਚਨਬੱਧ ਏ ਤਾਂ ਜੋ ਭੂ-ਜਲ 'ਤੇ ਨਿਰਭਰਤਾ ਘਟਾਈ ਜਾ ਸਕੇ ਅਤੇ ਖੇਤੀ ਨੂੰ ਲੰਬੇ ਸਮੇਂ ਲਈ ਪਾਏਦਾਰ ਬਣਾਇਆ ਜਾ ਸਕੇ। ਜਲ ਸਰੋਤ ਮੰਤਰੀ ਨੇ ਦੱਸਿਆ ਕਿ ਪਿੰਡ ਪੂਨੀਆ ਲੰਬੇ ਸਮੇਂ ਤੋਂ

ਨਹਿਰੀ ਪਾਣੀ ਤੋਂ ਵਾਂਞਾ ਸੀ ਅਤੇ ਇੱਥੇ ਧਰਤੀ ਹੇਠਲੇ ਪਾਣੀ ਦਾ ਪੱਧਰ ਲਗਾਤਾਰ ਹੇਠਾਂ ਜਾ ਰਿਹਾ ਸੀ ਅਤੇ ਇਸ ਪ੍ਰੋਜੈਕਟ ਅਧੀਨ 8 ਕਿਲੋਮੀਟਰ ਲੰਬੀ ਪਾਈਪ ਲਾਈਨ ਵਿਛਾਈ ਗਈ ਏ ਜਿਸ ਰਾਹੀਂ 767 ਏਕੜ ਖੇਤੀਯੋਗ ਜ਼ਮੀਨ ਨੂੰ ਨਹਿਰੀ ਪਾਣੀ ਦੀ ਸਹੂਲਤ ਮਿਲੀ ਏ। ਇਸ ਯੋਜਨਾ ਨਾਲ ਕਰੀਬ 120 ਕਿਸਾਨਾਂ ਨੂੰ ਸਿੱਧਾ ਲਾਭ ਮਿਲੇਗਾ ਅਤੇ ਉਨ੍ਹਾਂ ਦੇ ਸਿੰਚਾਈ ਖਰਚਿਆਂ ਵਿੱਚ ਕਮੀ ਆਵੇਗੀ। ਸ੍ਰੀ ਗੋਇਲ ਨੇ ਦੱਸਿਆ ਕਿ ਹਲਕੇ ਵਿੱਚ ਨਹਿਰਾਂ ਦੇ ਨਵੀਨੀਕਰਨ ਅਤੇ ਜ਼ਮੀਨਦੋਜ਼ ਪਾਈਪ ਲਾਈਨਾਂ ਲਈ 43 ਕਰੋੜ 50 ਲਖ ਰੁਪਏ ਦੀ ਰਕਮ ਖਰਚ ਕੀਤੀ ਗਈ ਏ ਜਿਸ ਨਾਲ 12 ਹਜ਼ਾਰ 630 ਏਕੜ ਰਕਬੇ ਨੂੰ ਨਿਯਮਤ ਨਹਿਰੀ ਪਾਣੀ ਮਿਲ ਰਿਹਾ ਏ।

---------------------------------------------------------

ਪੰਜਾਬ ਦੇ ਸਮਾਜਿਕ ਨਿਆਂ,ਅਧਿਕਾਰਤਾ ਅਤੇ ਘੱਟ ਗਿਣਤੀ ਮੰਤਰੀ ਡਾ. ਬਲਜੀਤ ਕੌਰ ਨੇ ਪੋਸਟ-ਮੈਟ੍ਰਿਕ ਸਕਾਲਰਸ਼ਿਪ ਸਕੀਮ ਅਧੀਨ ਆਉਂਦੇ ਸਾਰੇ ਅਨੁਸੂਚਿਤ ਜਾਤੀ ਵਿਦਿਆਰਥੀਆਂ ਨੂੰ ਅਪੀਲ ਕੀਤੀ ਏ ਕਿ ਉਹ 15 ਅਗਸਤ ਤੱਕ ਆਪਣੇ ਚਾਲੂ ਬੈਂਕ ਖਾਤਿਆਂ ਨੂੰ ਆਧਾਰ ਨਾਲ ਜੋੜਨ ਦਾ ਕੰਮ ਲਾਜ਼ਮੀ ਤੌਰ 'ਤੇ ਮੁਕੰਮਲ ਕਰਵਾਉਣ, ਤਾਂ ਜੋ ਉਨ੍ਹਾਂ ਦੇ ਵਜ਼ੀਫ਼ੇ ਦੀ ਬਕਾਇਆ ਰਾਸ਼ੀ ਸਿੱਧੀ ਲਾਭ ਤਬਾਦਲਾ ਪ੍ਰਣਾਲੀ

ਰਾਹੀਂ ਉਨ੍ਹਾਂ ਦੇ ਖਾਤਿਆਂ ਵਿੱਚ ਪਾਈ ਜਾ ਸਕੇ। ਕੈਬਨਿਟ ਮੰਤਰੀ ਨੇ ਦੱਸਿਆ ਕਿ ਵਜ਼ੀਫ਼ੇ ਦੀ ਸਹਾਇਤਾ ਰਾਸ਼ੀ ਕੇਵਲ ਡੀ.ਬੀ.ਟੀ. ਮਾਧਿਅਮ ਰਾਹੀਂ ਲਾਭਪਾਤਰੀ ਦੇ ਆਧਾਰ ਨਾਲ ਜੁੜੇ ਚਾਲੂ ਬੈਂਕ ਖਾਤੇ ਵਿੱਚ ਹੀ ਭੇਜੀ ਜਾਂਦੀ ਏ । ਅਜਿਹੇ ਵਿੱਚ ਜਿਨ੍ਹਾਂ ਵਿਦਿਆਰਥੀਆਂ ਦੇ ਬੈਂਕ ਖਾਤੇ ਆਧਾਰ ਨਾਲ ਲਿੰਕ ਨਹੀਂ ਹਨ, ਉਹ ਯੋਗ ਹੋਣ ਦੇ ਬਾਵਜੂਦ ਵੀ ਵਜ਼ੀਫ਼ੇ ਦੀ ਰਾਸ਼ੀ ਪ੍ਰਾਪਤ ਕਰਨ ਤੋਂ ਵਾਂਝੇ ਰਹਿ ਜਾਂਦੇ ਹਨ। ਡਾ. ਬਲਜੀਤ ਕੌਰ ਨੇ ਦੱਸਿਆ ਕਿ ਅਕਾਦਮਿਕ ਸਾਲ 2022-23 ਤੋਂ 2025-26 ਤੱਕ ਦੇ ਜਿਨ੍ਹਾਂ ਦੇ ਵਜ਼ੀਫ਼ੇ ਦੀ ਅਦਾਇਗੀ ਸਿਰਫ਼ ਬੈਂਕ ਖਾਤਿਆਂ ਦੀ ਆਧਾਰ ਸੀਡਿੰਗ ਨਾ ਹੋਣ ਕਾਰਨ ਰੁਕੀ ਹੋਈ ਏ , ਉਨ੍ਹਾਂ ਦੀਆਂ ਸੂਚੀਆਂ ਡਾ. ਅੰਬੇਡਕਰ ਸਕਾਲਰਸ਼ਿਪ ਪੋਰਟਲ ਅਤੇ ਪੰਜਾਬ ਸਰਕਾਰ ਦੀ ਅਧਿਕਾਰਤ ਵੈੱਬਸਾਈਟ 'ਤੇ ਅਪਲੋਡ ਕਰ ਦਿੱਤੀਆਂ ਗਈਆਂ ਹਨ। ਉਨ੍ਹਾਂ ਨੇ ਸਬੰਧਤ ਵਿਦਿਆਰਥੀਆਂ ਨੂੰ ਤਾਕੀਦ ਕੀਤੀ ਕਿ ਉਹ ਸੂਚੀ ਵਿੱਚ ਆਪਣਾ ਨਾਂ ਚੈੱਕ ਕਰਨ, ਆਪਣੇ ਖਾਤੇ ਦੀ ਸਥਿਤੀ ਦੀ ਪੜਤਾਲ ਕਰਨ ਅਤੇ ਤੁਰੰਤ ਆਪਣੇ ਸਬੰਧਤ ਬੈਂਕ ਨਾਲ ਸੰਪਰਕ ਕਰਕੇ ਖਾਤੇ ਨੂੰ ਆਧਾਰ ਨਾਲ ਲਿੰਕ ਕਰਵਾਉਣ ਤਾਂ ਜੋ ਬਕਾਇਆ ਰਾਸ਼ੀ ਬਿਨਾਂ ਕਿਸੇ ਹੋਰ ਦੇਰੀ ਦੇ ਜਾਰੀ ਕੀਤੀ ਜਾ ਸਕੇ।

--------------------------------------------------

ਪੰਜਾਬ ਸਰਕਾਰ ਸਾਬਕਾ ਸੈਨਿਕਾਂ ਅਤੇ ਉਨ੍ਹਾਂ ਦੇ ਪਰਿਵਾਰਾਂ ਦੀ ਭਲਾਈ ਲਈ ਤੇਜ਼ੀ ਨਾਲ ਕੰਮ ਕਰ ਰਹੀ ਏ  ਇਸੇ ਮੰਤਵ ਦੀ ਪੂਰਤੀ ਲਈ ਅੱਜ ਚੰਡੀਗੜ੍ਹ ਵਿਖੇ ਰੱਖਿਆ ਸੇਵਾਵਾਂ ਭਲਾਈ ਮੰਤਰੀ ਮੋਹਿੰਦਰ ਭਗਤ ਨੇ ਰੱਖਿਆ ਸੇਵਾਵਾਂ ਭਲਾਈ ਵਿਭਾਗ ਅਤੇ ਪੰਜਾਬ ਐਕਸ-ਸਰਵਿਸਮੈਨ ਕਾਰਪੋਰੇਸ਼ਨ (ਪੈਸਕੋ) ਦੇ ਕੰਮਾਂ ਦੀ ਪ੍ਰਗਤੀ ਦਾ ਜਾਇਜ਼ਾ ਲੈਣ ਲਈ ਅਧਿਕਾਰੀਆਂ ਨਾਲ ਵਿਸ਼ੇਸ਼ ਮੀਟਿੰਗ ਕੀਤੀ। ਮੀਟਿੰਗ ਦੌਰਾਨ ਮੰਤਰੀ ਸ੍ਰੀ ਭਗਤ ਨੇ ਅਧਿਕਾਰੀਆਂ ਨੂੰ ਨਿਰਦੇਸ਼ ਦਿੱਤੇ ਕਿ ਸਾਬਕਾ ਸੈਨਿਕਾਂ, ਸ਼ਹੀਦਾਂ ਦੇ ਪਰਿਵਾਰਾਂ ਅਤੇ ਉਨ੍ਹਾਂ ਦੇ ਆਸ਼ਰਿਤਾਂ ਨੂੰ ਸਰਕਾਰ ਦੀਆਂ ਵੱਖ-ਵੱਖ ਭਲਾਈ ਸਕੀਮਾਂ ਦਾ ਲਾਭ ਸਮੇਂ ਸਿਰ ਅਤੇ ਪਾਰਦਰਸ਼ੀ ਢੰਗ ਨਾਲ ਮੁਹੱਈਆ ਕਰਵਾਉਣਾ ਯਕੀਨੀ ਬਣਾਇਆ ਜਾਵੇ। ਉਨ੍ਹਾਂ ਕਿਹਾ ਕਿ ਸਾਬਕਾ ਸੈਨਿਕਾਂ ਦੀਆਂ ਸਮੱਸਿਆਵਾਂ ਦੇ ਤੁਰੰਤ ਨਿਪਟਾਰੇ ਲਈ ਪ੍ਰਭਾਵਸ਼ਾਲੀ ਵਿਵਸਥਾ ਬਣਾਈ ਜਾਵੇ। ਇਸ ਮੌਕੇ ਵਿਭਾਗ ਦੇ ਚੱਲ ਰਹੇ ਪ੍ਰੋਜੈਕਟਾਂ, ਲੋੜੀਂਦੇ ਬਜਟ, ਕਰਮਚਾਰੀਆਂ ਦੀਆਂ ਤਰੱਕੀਆਂ, ਭਰਤੀ ਪ੍ਰਕਿਰਿਆ ਅਤੇ ਸੈਨਿਕ ਸਕੂਲਾਂ ਦੇ ਵਿਕਾਸ ਨਾਲ ਸਬੰਧਤ ਮਾਮਲਿਆਂ ਦੀ ਪ੍ਰਗਤੀ ਦੀ ਵੀ ਸਮੀਖਿਆ ਕੀਤੀ ਗਈ। ਮੰਤਰੀ ਨੇ  ਕਾਰਪੋਰੇਸ਼ਨ ਦੇ ਕੰਮਕਾਜ ਦੀ ਵੀ ਸਮੀਖਿਆ ਕੀਤੀ।

---

ਵੋਟਰ ਸੂਚੀਆਂ ਦੀ ਵਿਸ਼ੇਸ਼ ਤੀਬਰ ਸੋਧ -SIR-2026 ਦੇ ਤੀਜੇ ਗੇੜ ਦੇ

ਪ੍ਰੋਗਰਾਮ ਮੁਤਾਬਿਕ ਚੰਡੀਗੜ੍ਹ  ਲਈ ਖਰੜਾ ਵੋਟਰ ਸੂਚੀ ਅੱਜ ਪ੍ਰਕਾਸ਼ਿਤ ਕੀਤੀ ਗਈ । ਸੋਧ ਪ੍ਰਕਿਰਿਆ ਦੇ ਹਿੱਸੇ ਵਜੋਂ, ਅੱਜ ਚੋਣ ਰਜਿਸਟ੍ਰੇਸ਼ਨ ਅਫਸਰ ਅਮਨਦੀਪ ਸਿੰਘ ਭੱਟੀ ਦੀ ਪ੍ਰਧਾਨਗੀ ਹੇਠ ਮਾਨਤਾ ਪ੍ਰਾਪਤ ਰਾਜਨੀਤਿਕ ਪਾਰਟੀਆਂ ਦੇ ਨੁਮਾਇੰਦਿਆਂ ਨਾਲ ਇੱਕ ਮੀਟਿੰਗ ਹੋਈ। ਉਨ੍ਹਾਂ ਨੇ ਨੁਮਾਇੰਦਿਆਂ ਨੂੰ ਖਰੜਾ ਵੋਟਰ ਸੂਚੀ ਦੇ ਪ੍ਰਕਾਸ਼ਨ ਬਾਰੇ ਜਾਣਕਾਰੀ ਦਿੱਤੀ ਅਤੇ ਉਨ੍ਹਾਂ ਨੂੰ ਖਰੜਾ ਵੋਟਰ ਸੂਚੀ ਦੀਆਂ ਕਾਪੀਆਂ ਸੌਂਪੀਆਂ। ਖਰੜਾ ਵੋਟਰ ਸੂਚੀ ਵੈੱਬਸਾਈਟ ceochandigarh.gov.in ਅਤੇ ਨਾਗਰਿਕ ਪੋਰਟਲ voters.eci.gov.in 'ਤੇ ਵੀ ਉਪਲਬਧ ਏ । ਜਿਨ੍ਹਾਂ ਨਾਗਰਿਕਾਂ ਦੇ ਨਾਮ ਖਰੜਾ ਵੋਟਰ ਸੂਚੀ ਵਿੱਚ ਨਹੀਂ ਆਉਂਦੇ, ਉਹ ਅੱਜ ਤੋਂ 20 ਅਗਸਤ ਤੱਕ ਦਾਅਵਿਆਂ ਅਤੇ ਇਤਰਾਜ਼ਾਂ ਦੀ ਮਿਆਦ ਦੌਰਾਨ ਵੋਟਰ ਸੂਚੀ ਵਿੱਚ ਆਪਣੇ ਨਾਮ ਸ਼ਾਮਲ ਕਰਨ ਲਈ  ਸਹਾਇਕ ਦਸਤਾਵੇਜ਼ਾਂ ਦੇ ਨਾਲ ਆਪਣੇ ਦਾਅਵੇ ਜਮ੍ਹਾਂ ਕਰਵਾ ਸਕਦੇ ਹਨ। ਨੌਜਵਾਨ ਨਾਗਰਿਕ ਜਿਨ੍ਹਾਂ ਦੀ ਉਮਰ ਇਸ ਸਾਲ ਪਹਿਲੀ ਜੁਲਾਈ ਨੂੰ ਜਾਂ ਇਸ ਤੋਂ ਪਹਿਲਾਂ 18 ਸਾਲ ਹੋ ਗਈ ਏ ਉਹ ਵੀ  ਫਾਰਮ-6 ਜਮ੍ਹਾਂ ਕਰਵਾ ਕੇ ਰਜਿਸਟਰੇਸ਼ਨ ਲਈ ਅਰਜ਼ੀ ਦੇਣ ਦੇ ਯੋਗ ਨੇ ।

---------------------------------------------------------

ਪਟਿਆਲਾ ਦੇ ਡਿਪਟੀ ਕਮਿਸ਼ਨਰ ਡਾ. ਹਿਮਾਂਸ਼ੂ ਅਗਰਵਾਲ ਨੇ ਅੱਜ ਸੇਵਾ ਕੇਂਦਰ ਅਤੇ ਪਟਿਆਲਾ ਦੇ ਸਬ ਰਜਿਸਟਰਾਰ ਦਫ਼ਤਰ ਅਚਨਚੇਤ ਦਾ ਨਿਰੀਖਣ ਕੀਤਾ। ਉਨ੍ਹਾਂ ਨੇ ਰਜਿਸਟਰੀਆਂ ਤੇ ਹੋਰ ਵੱਖ-ਵੱਖ ਕੰਮ ਕਰਵਾਉਣ ਆਏ ਆਮ ਲੋਕਾਂ ਨਾਲ ਗੱਲਬਾਤ ਕਰਕੇ ਸਰਕਾਰੀ ਸੇਵਾਵਾਂ ਬਾਬਤ ਪ੍ਰਤੀਕਿਰਿਆ ਪ੍ਰਾਪਤ ਕੀਤੀ। ਉਨ੍ਹਾਂ ਨੇ ਹੋਰ ਸਹੂਲਤਾਂ ਦਾ ਵੀ ਜਾਇਜ਼ਾ ਲਿਆ। ਉਨ੍ਹਾਂ  ਇਸ ਮੌਕੇ ਮੁਲਾਜਮਾਂ ਨੂੰ ਚਿਤਾਵਨੀ ਵੀ ਦਿੱਤੀ ਕਿ ਲੋਕਾਂ ਨੂੰ ਕਿਸੇ ਵੀ ਤਰ੍ਹਾਂ ਦੀ ਕੋਈ ਅਸੁਵਿਧਾ ਨਾ ਆਉਣ ਦਿੱਤੀ ਜਾਵੇ। ਡਾ. ਹਿਮਾਂਸ਼ੂ ਅਗਰਵਾਲ ਨੇ ਈਜ਼ੀ ਰਜਿਸਟਰੀ ਦਾ ਜਾਇਜ਼ਾ ਲੈਂਦਿਆਂ ਇਸ ਗੱਲ 'ਤੇ ਜ਼ੋਰ ਦਿੱਤਾ ਕਿ ਲੋਕ ਸਬ ਰਜਿਸਟਰਾਰ ਦਫ਼ਤਰਾਂ ਵਿਖੇ ਹੀ ਰਜਿਸਟਰੀਆਂ ਲਿਖਣ ਲਈ ਹੈਲਪ ਡੈਸਕ 'ਤੇ ਤਾਇਨਾਤ ਕਰਮਚਾਰੀਆਂ ਤੋਂ ਕੇਵਲ 550 ਰੁਪਏ ਸਰਕਾਰੀ ਫੀਸ ਵਿੱਚ ਆਪਣੀਆਂ ਰਜਿਸਟਰੀਆਂ ਲਿਖਵਾਉਣ। ਡਿਪਟੀ ਕਮਿਸ਼ਨਰ ਨੇ ਸੇਲ ਡੀਡ ਲਿਖਣ ਵਾਲੇ ਕਰਮਚਾਰੀਆਂ ਨੂੰ ਹਦਾਇਤ ਕੀਤੀ ਕਿ ਉਹ ਇੱਥੇ ਆਉਂਦੇ ਲੋਕਾਂ ਨੂੰ ਇਸ ਸੁਵਿਧਾ ਬਾਰੇ ਜਾਣੂ ਕਰਵਾਉਣ ਤੇ ਇੱਥੋਂ ਹੀ ਸੇਲ ਡੀਡ ਤਿਆਰ ਕਰਨ ਲਈ ਪ੍ਰੇਰਿਤ ਕਰਨ।

---------------------------------------------------------

ਪੰਜਾਬ ਸਰਕਾਰ ਵੱਲੋਂ ਕਿਸਾਨਾਂ ਦੇ ਹਿੱਤਾਂ ਦੀ ਰੱਖਿਆ ਅਤੇ ਸਬਸਿਡੀ ਵਾਲੇ ਯੂਰੀਆ ਦੀ ਗੈਰ-ਕਾਨੂੰਨੀ ਵਰਤੋਂ ਨੂੰ ਰੋਕਣ ਲਈ ਚਲਾਈ ਜਾ

ਰਹੀ ਮੁਹਿੰਮ ਤਹਿਤ ਅੱਜ ਅੰਮ੍ਰਿਤਸਰ ਜ਼ਿਲ੍ਹੇ ਦੀਆਂ ਵੱਖ-ਵੱਖ ਫੀਡ ਫੈਕਟਰੀਆਂ ਅਤੇ ਡਾਈਂਗ ਯੂਨਿਟਾਂ ਦੀ ਅਚਨਚੇਤ ਚੈਕਿੰਗ ਕੀਤੀ ਗਈ। ਚੈਕਿੰਗ ਦੌਰਾਨ ਕਿਸੇ ਵੀ ਉਦਯੋਗਿਕ ਇਕਾਈ ਵਿੱਚ ਖੇਤੀਬਾੜੀ ਲਈ ਸਬਸਿਡੀ ਵਾਲੀ ਯੂਰੀਆ ਖਾਦ ਦੀ ਵਰਤੋਂ ਜਾਂ ਭੰਡਾਰਨ ਨਹੀਂ ਪਾਇਆ ਗਿਆ। ਇਸ ਮੌਕੇ ਮੁੱਖ ਖੇਤੀਬਾੜੀ ਅਫ਼ਸਰ  ਅਮਰਜੀਤ ਸਿੰਘ ਦੋਸਾਂਝ ਨੇ ਦੱਸਿਆ ਕਿ ਖੇਤੀਬਾੜੀ ਗ੍ਰੇਡ ਨੀਮ ਕੋਟਿਡ ਯੂਰੀਆ 'ਤੇ ਸਰਕਾਰ ਵੱਲੋਂ ਕਿਸਾਨਾਂ ਦੀ ਸਹੂਲਤ ਲਈ ਭਾਰੀ ਸਬਸਿਡੀ ਦਿੱਤੀ ਜਾਂਦੀ ਏ । ਇਸ ਕਾਰਨ ਇਸ ਦੀ ਵਰਤੋਂ ਸਿਰਫ਼ ਖੇਤੀਬਾੜੀ ਕਾਰਜਾਂ ਲਈ ਹੀ ਮਨਜ਼ੂਰ ਏ । ਉਨ੍ਹਾਂ ਕਿਹਾ ਕਿ ਫੀਡ ਫੈਕਟਰੀਆਂ ਅਤੇ ਹੋਰ ਉਦਯੋਗਿਕ ਇਕਾਈਆਂ ਲਈ ਟੈਕਨੀਕਲ ਗ੍ਰੇਡ ਯੂਰੀਆ ਉਪਲਬਧ ਕਰਵਾਈ ਜਾਂਦੀ ਏ ਜਿਸ 'ਤੇ ਕਿਸੇ ਕਿਸਮ ਦੀ ਸਬਸਿਡੀ ਨਹੀਂ ਦਿੱਤੀ ਜਾਂਦੀ। ਉਨ੍ਹਾਂ ਕਿਹਾ ਉਲੰਘਣਾ ਕਰਨ ਵਾਲਿਆਂ ਖ਼ਿਲਾਫ਼ ਖਾਦ ਕੰਟਰੋਲ ਆਰਡਰ, 1985 ਅਤੇ ਜ਼ਰੂਰੀ ਵਸਤੂਆਂ ਐਕਟ, 1955 ਤਹਿਤ ਸਖ਼ਤ ਕਾਨੂੰਨੀ ਕਾਰਵਾਈ ਅਮਲ ਵਿੱਚ ਲਿਆਂਦੀ ਜਾਵੇਗੀ।

---------------------------------------------------

ਮੌਸਮ ਵਿਭਾਗ ਨੇ ਅੱਜ ਪੰਜਾਬ, ਹਰਿਆਣਾ, ਤੇ ਚੰਡੀਗੜ੍ਹ, ਵਿੱਚ ਦਰਮਿਆਨੀ ਤੋਂ ਭਾਰੀ ਬਾਰਿਸ਼ ਹੋਣ ਦੀ ਸੰਭਾਵਨਾ ਜਤਾਈ ਏ।

ਅੱਜ ਸਵੇਰ ਤੋਂ ਹੀ ਪਠਾਨਕੋਟ, ਅੰਮ੍ਰਿਤਸਰ ਅਤੇ ਨੇੜਲੇ ਇਲਾਕਿਆਂ ਵਿੱਚ ਤੇਜ਼ ਮੀਂਹ ਪਿਆ। ਮੀਂਹ ਪੈਣ ਨਾਲ ਨਾ ਸਿਰਫ਼ ਤਾਪਮਾਨ ਵਿੱਚ ਗਿਰਾਵਟ ਦਰਜ ਕੀਤੀ ਗਈ, ਸਗੋਂ ਮੌਸਮ ਵੀ ਸੁਹਾਵਣਾ ਹੋ ਗਿਆ। ਜਲੰਧਰ ਸਮੇਤ ਕਈ ਜ਼ਿਲਿਆਂ ਵਿਚ ਸਵੇਰ ਤੋਂ ਬੱਦਲਵਾਈ ਬਣੀ ਹੋਈ ਏ। ਮੌਸਮ ਵਿਭਾਗ ਨੇ ਹਿਮਾਚਲ ਪ੍ਰਦੇਸ਼, ਜੰਮੂ-ਕਸ਼ਮੀਰ, ਲੱਦਾਖ, ਦੇ ਕੁਝ ਹਿੱਸਿਆਂ ਵਿੱਚ, ਭਾਰੀ ਮੀਂਹ ਪੈਣ ਦੀ ਪੇਸ਼ੀਨਗੋਈ ਕੀਤੀ ਏ। ਪੰਜਾਬ ਦੇ ਬਠਿੰਡਾ 'ਚ ਅੱਜ ਵੱਧ ਤੋਂ ਵੱਧ ਤਾਪਮਾਨ 35.6 ਡਿਗਰੀ ਸੈਲਸੀਅਸ , ਹਰਿਆਣਾ ਦੇ ਯਮੁਨਾਨਗਰ 'ਚ 33.6 ਡਿਗਰੀ ਸੈਲਸੀਅਸ ਅਤੇ ਚੰਡੀਗੜ੍ਹ 'ਚ 32.6 ਡਿਗਰੀ ਸੈਲਸੀਅਸ ਦਰਜ ਕੀਤਾ ਗਿਆ | ਓਧਰ ਗੁਰਦਾਸਪੁਰ ਵਿੱਚ ਬੀਤੀ ਅੱਧੀ ਰਾਤ ਤੋਂ ਲਗਾਤਾਰ ਹੋ ਰਹੀ ਬਾਰਿਸ਼ ਕਾਰਨ ਰਾਵੀ ਦਰਿਆ ਵਿੱਚ ਪਾਣੀ ਦਾ ਪੱਧਰ ਵਧਣ ਕਾਰਨ ਮਕੌੜਾ ਪੱਤਣ ’ਤੇ ਚੱਲਣ ਵਾਲੀ ਕਿਸ਼ਤੀ ਸੇਵਾ ਬੰਦ ਕਰ ਦਿੱਤੀ ਗਈ ਏ। ਗੁਰਦਾਸਪੁਰ ਤੋਂ ਸਾਡੇ ਪੱਤਰਕਾਰ ਨੇ ਦਸਿਆ ਕਿ ਅੱਜ ਸਵੇਰੇ ਕਰੀਬ 10 ਵਜੇ ਤੋਂ ਬਾਅਦ ਪਾਣੀ ਦਾ ਪੱਧਰ ਵਧਣ ਕਾਰਨ ਕਿਸ਼ਤੀ ਰਾਹੀਂ ਲੋਕਾਂ ਦੀ ਆਵਾਜਾਈ ਰੋਕ ਦਿੱਤੀ ਗਈ। ਕਿਸ਼ਤੀ ਸੇਵਾ ਬੰਦ ਹੋਣ ਕਾਰਨ ਰਾਵੀ ਦਰਿਆ ਦੇ ਪਾਰਲੇ ਪਾਸੇ ਵੱਸਦੇ ਕਰੀਬ 6 ਤੋਂ ਪਿੰਡਾਂ ਦਾ ਮੁੱਖ ਇਲਾਕੇ ਨਾਲ ਸੰਪਰਕ ਟੁੱਟ ਗਿਆ ਏ। ਇਨ੍ਹਾਂ ਪਿੰਡਾਂ ਦੇ ਲੋਕਾਂ ਨੂੰ ਰੋਜ਼ਾਨਾ ਕੰਮਕਾਜ, ਜ਼ਰੂਰੀ ਸਾਮਾਨ ਅਤੇ ਹੋਰ

ਲੋੜਾਂ ਲਈ ਮਕੌੜਾ ਪੱਤਣ ਰਾਹੀਂ ਆਉਣਾ-ਜਾਣਾ ਪੈਂਦਾ ਏ । ਪਰ ਪਾਣੀ ਦਾ ਪੱਧਰ ਵਧਣ ਕਾਰਨ ਕਿਸ਼ਤੀ ਬੰਦ ਹੋਣ ਨਾਲ ਲੋਕਾਂ ਦੀਆਂ ਮੁਸ਼ਕਲਾਂ ਵਧ ਗਈਆਂ ਨੇ ।

---

- ਸੰਸਦ ਦੇ ਦੋਵਾਂ ਸਦਨਾਂ ਦੀ ਕਾਰਵਾਈ NEET ਪੇਪਰ ਲੀਕ ਮਾਮਲੇ ਸਮੇਤ ਕਈ ਮੁੱਦਿਆਂ 'ਤੇ, ਵਿਰੋਧੀ ਧਿਰ ਵੱਲੋਂ ਹੰਗਾਮੇ ਕਾਰਨ ਕੱਲ ਤੱਕ ਲਈ ਮੁਲਤਵੀ ਕੀਤੀ ਗਈ।

- ਪੰਜਾਬ ਵਿਧਾਨ ਸਭਾ ਦਾ ਮਾਨਸੂਨ ਇਜਲਾਸ ਆਉਂਦੀ 3 ਅਗਸਤ ਨੂੰ ਸ਼ੁਰੂ ਹੋਵੇਗਾ ।

- ਪੰਜਾਬ  ਪੁਲਿਸ ਨੇ ਪੁਲਿਸ ਸਟੇਸ਼ਨ ਸਦਰ ਮੋਗਾ ਵਿਖੇ ਹੋਏ ਗ੍ਰਨੇਡ ਹਮਲੇ ਵਿੱਚ ਸ਼ਾਮਲ, ਤਿੰਨ ਔਰਤਾਂ ਸਮੇਤ 17 ਮੁਲਜ਼ਮਾਂ ਨੂੰ, ਇੱਕ IED, ਵਿਸਫੋਟਕ ਸਮੱਗਰੀ, ਇਲੈਕਟ੍ਰਾਨਿਕ ਡੈਟੋਨੇਟਰ ਤੇ ਅਸਲੇ ਸਮੇਤ ਕਾਬੂ ਕੀਤਾ ।
- ਜਲ ਸਰੋਤ ਮੰਤਰੀ ਬਰਿੰਦਰ ਕੁਮਾਰ ਗੋਇਲ ਨੇ ਸਮਰਾਲਾ ਦੇ ਪਿੰਡ ਪੂਨੀਆ ਵਿਖੇ ਇਕ ਕਰੋੜ 10 ਲੱਖ ਰੁਪਏ ਦੀ ਲਾਗਤ ਨਾਲ

ਤਿਆਰ ਕੀਤੀ ਗਈ ਲਿਫਟ ਸਿੰਚਾਈ ਯੋਜਨਾ ਦਾ ਉਦਘਾਟਨ ਕੀਤਾ।

- ਪੰਜਾਬ ਦੇ ਸਮਾਜਿਕ ਨਿਆਂ,ਅਧਿਕਾਰਤਾ ਅਤੇ ਘੱਟ ਗਿਣਤੀ ਵਿਭਾਗ ਵਲੋਂ ਐਸ.ਸੀ. ਵਿਦਿਆਰਥੀਆਂ ਨੂੰ ਪੋਸਟ-ਮੈਟ੍ਰਿਕ ਸਕਾਲਰਸ਼ਿਪ ਦੀ ਬਕਾਇਆ ਰਾਸ਼ੀ ਪ੍ਰਾਪਤ ਕਰਨ ਲਈ, 15 ਅਗਸਤ ਤੱਕ ਚਾਲੂ ਬੈਂਕ ਖਾਤਿਆਂ ਨੂੰ ਆਧਾਰ ਨਾਲ ਜੋੜਨ ਦੀ ਅਪੀਲ।

- ਮੌਸਮ ਵਿਭਾਗ ਨੇ ਅੱਜ ਪੰਜਾਬ, ਹਰਿਆਣਾ ਤੇ ਚੰਡੀਗੜ੍ਹ ਵਿੱਚ ਦਰਮਿਆਨੀ ਤੋਂ ਭਾਰੀ ਬਾਰਿਸ਼ ਹੋਣ ਦੀ ਸੰਭਾਵਨਾ ਜਤਾਈ - ਗੁਰਦਾਸਪੁਰ ਵਿੱਚ ਲਗਾਤਾਰ ਮੀਹਂ ਕਾਰਨ ਰਾਵੀ ਦਰਿਆ ਵਿੱਚ ਪਾਣੀ ਦਾ ਪੱਧਰ ਵਧਿਆ, ਮਕੌੜਾ ਪੱਤਣ ’ਤੇ ਕਿਸ਼ਤੀ ਸੇਵਾ ਬੰਦ ਹੋਈ-6 ਤੋਂ ਵੱਧ ਪਿੰਡਾਂ ਦਾ ਸੰਪਰਕ ਟੁੱਟਿਆ।

---

**ਇਸਦੇ ਨਾਲ ਖਬਰਾਂ ਦਾ ਇਹ ਬੁਲੇਟਿਨ ਖਤਮ ਹੋਇਆ, ਖਬਰਾਂ ਦਾ ਅਗਲਾ ਬੁਲੇਟਿਨ ਤੁਸੀਂ ਸੁਣੋਗੇ 7 ਵੱਜਕੇ 30 ਮਿੰਟ 'ਤੇ ਨਮਸਕਾਰ !**